ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਰਾਤ 10 ਵਜੇ ਤੋਂ ਸਵੇਰੇ 6 ਵਜੇ ਤੱਕ ਆਤਿਸ਼ਬਾਜੀ ਦੀ ਵਰਤੋਂ ਕਰਨ ’ਤੇ ਪਾਬੰਦੀ ਦੇ ਹੁਕਮ ਜਾਰੀ

ਤਰਨਤਾਰਨ, 4 ਅਕਤੂਬਰ :

ਜ਼ਿਲ੍ਹਾ ਮੈਜਿਸਟ੍ਰੇਟ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਫੌਜਦਾਰੀ ਜ਼ਾਬਤਾ ਸੰਘਤਾ 1973 ਦੀ ਧਾਰਾ 144 ਸੀ. ਆਰ. ਪੀ. ਸੀ. ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਤਰਨਤਾਰਨ ਦੀ ਹਦੂਦ ਆਤਿਸ਼ਬਾਜੀ ਦੀ ਵਰਤੋਂ ਰਾਤ 10 ਵਜੇ ਤੋਂ ਸਵੇਰੇ 6 ਵਜੇ ਤੱਕ ਕਰਨ ’ਤੇ ਮੁਕੰਮਲ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ।



ਜ਼ਿਲ੍ਹਾ ਮੈਜਿਸਟ੍ਰੇਟ ਨੇ ਸਾਈਲੈਂਸ ਜ਼ੋਨ ਜਿਵੇਂ ਕਿ ਸਰਕਾਰੀ ਦਫ਼ਤਰਾਂ, ਜੰਗਲਾਤ, ਹਸਪਤਾਲਾਂ, ਵਿੱਦਿਅਕ ਸੰਸਥਾਵਾਂ, ਅਦਾਲਤਾਂ, ਧਾਰਮਿਕ ਸੰਸਥਾਵਾਂ ਜਾਂ ਕੋਈ ਏਰੀਆ ਜਿਹੜਾ ਕਿ ਸਮਰੱਥ ਅਧਿਕਾਰੀ ਵੱਲੋਂ ਸਾਈਲੈਂਸ ਜ਼ੋਨ ਐਲਾਨਿਆ ਗਿਆ ਹੋਵੇ, ਦੇ 100 ਮੀਟਰ ਘੇਰੇ ਵਿੱਚ ਆਤਿਸ਼ਬਾਜ਼ੀ ਚਲਾਉਣ ’ਤੇ ਮੁਕੰਮਲ ਪਾਬੰਦੀ ਲਗਾਈ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੁਪਰੀਮ ਕੋਰਟ ਆਫ਼ ਇੰਡੀਆ ਦੇ ਦਿੱਤੇ ਗਏ ਫ਼ੈਸਲੇ ਦੀ ਪਾਲਣਾ ਹਿੱਤ ਨੋਆਇਸ ਪੋਲਿਊਸ਼ਨ, ਜੋ ਕਿ ਸਿਹਤ ’ਤੇ ਬੁਰਾ ਪ੍ਰਭਾਵ ਪਾਉਦੀ ਹੈ, ਨੂੰ ਕੰਟਰੋਲ ਕਰਨ ਲਈ ਅਤੇ ਆਉਦੀ ਦੀਵਾਲੀ ਦੇ ਮੌਕੇ ’ਤੇ ਆਤਿਸ਼ਬਾਜੀ ਦੀ ਵਰਤੋਂ ਕਰਨ ਨਾਲ ਜਨਤਕ ਸ਼ਾਂਤੀ ਭੰਗ ਹੋਣ ਅਤੇ ਦੁਰਘਟਨਾਵਾਂ ਹੋਣ ਦੀ ਸੰਭਾਵਨਾ ਵੱਧ ਜਾਂਦੀ ਹੈ। ਇਸ ਨਾਲ ਸਰਕਾਰੀ ਤੇ ਗੈਰ-ਸਰਕਾਰੀ ਜਾਇਦਾਦ ਦੇ ਨੁਕਸਾਨ ਹੋਣ ਦਾ ਅੰਦੇਸ਼ਾ ਵੀ ਵੱਧ ਜਾਂਦਾ ਹੈ। ਇਸ ਲਈ ਇਸ ’ਤੇ ਪਾਬੰਦੀ ਲਗਾਉਣੀ ਜਰੂਰੀ ਹੈ। ਉਨ੍ਹਾਂ ਦੱਸਿਆ ਕਿ ਪਾਬੰਦੀ ਦੇ ਇਹ ਹੁਕਮ 26 ਨਵੰਬਰ 2017 ਤੱਕ ਜਾਰੀ ਰਹਿਣਗੇ।

-----------------